◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
ਨੀਡ 24 ਨਿਊਜ਼
ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION UNDER PROCESS
Application No. T/GJ/2026/0619/2304/1577
GST GSTIN 24CINPG0564Q1ZT
UDYAM REGISTERED UDYAM-GJ-14-0003714
◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily
ਸਾਡੀ App ਡਾਊਨਲੋਡ ਕਰੋ
Download on the App Store
GET IT ON Google Play
www.need24.digital
info@need24.in
+91 98700 06472
FOLLOW US:
तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

POLITICS

ਕੈਬਿਨੇਟ ਮੰਤਰੀ ਮੋਹਿੰਦਰ ਭਗਤ ਦਾ ਨਾਮ ਦੂਜੀ ਸੂਚੀ ਵਿੱਚ ਨਹੀਂ, ਰੋਬਿਨ ਸਮਪਲਾ ਦੀ ਦਾਵੇਦਾਰੀ ਚਰਚਾ ਵਿੱਚ



ਪਿਛਲੇ ਦਿਨਾਂ ਵਿੱਚ ਜਾਰੀ ਕੀਤੀ ਗਈ ਦੂਜੀ ਸੂਚੀ ਵਿੱਚ ਕੈਬਿਨੇਟ ਮੰਤਰੀ ਸ਼੍ਰੀ ਮੋਹਿੰਦਰ ਭਗਤ ਦਾ ਨਾਮ ਨਹੀਂ ਆਇਆ, ਜਿਸ ਨੇ ਰਾਜਨੀਤਿਕ ਮੰਡਲ ਵਿੱਚ ਤੁਰੰਤ ਧਿਆਨ ਖਿੱਚਿਆ। ਇਸ ਗਲਤੀ ਨੂੰ ਲੈ ਕੇ ਵੱਖ-ਵੱਖ ਪੱਖਾਂ ਨੇ ਆਪਣੀ ਚਿੰਤਾ ਜਤਾਈ ਅਤੇ ਸਪਸ਼ਟੀਕਰਨ ਦੀ ਮੰਗ ਕੀਤੀ।

ਇਸ ਤੋਂ ਬਾਅਦ, ਰੋਬਿਨ ਸਮਪਲਾ ਦੀ ਦਾਵੇਦਾਰੀ ਚਰਚਾ ਵਿੱਚ ਆ ਗਈ ਹੈ। ਸਮਪਲਾ ਨੇ ਆਪਣੀ ਦਲੀਲ ਪੇਸ਼ ਕੀਤੀ ਹੈ, ਜਿਸ ਨੂੰ ਹੁਣ ਵਿਸਤਾਰ ਨਾਲ ਵਿਸ਼ਲੇਸ਼ਣ ਅਤੇ ਚਰਚਾ ਦਾ ਵਿਸ਼ਾ ਬਣਾਇਆ ਗਿਆ ਹੈ।

ਰਾਜਨੀਤਿਕ ਵਿਸ਼ਲੇਸ਼ਕਾਂ ਨੇ ਕਿਹਾ ਕਿ ਦੋਹਾਂ ਮਸਲਿਆਂ ਨੇ ਸਰਕਾਰ ਦੀ ਪਾਰਦਰਸ਼ਤਾ ਅਤੇ ਸੂਚੀ ਤਿਆਰੀ ਦੀ ਪ੍ਰਕਿਰਿਆ 'ਤੇ ਸਵਾਲ ਉਠਾਏ ਹਨ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਅਧਿਕਾਰੀ ਜਾਂ ਨੇਤਾ ਦੇ ਨਾਮ ਦੀ ਗਲਤੀ ਨੂੰ ਤੁਰੰਤ ਠੀਕ ਕੀਤਾ ਜਾਣਾ ਚਾਹੀਦਾ ਹੈ।

ਰੋਬਿਨ ਸਮਪਲਾ ਦੀ ਦਾਵੇਦਾਰੀ ਦੀ ਚਰਚਾ ਅਜੇ ਵੀ ਚਲ ਰਹੀ ਹੈ, ਅਤੇ ਇਸ ਨਾਲ ਸੰਬੰਧਤ ਅਧਿਕਾਰੀਆਂ ਨੇ ਕਿਹਾ ਹੈ ਕਿ ਉਹ ਸਾਰੇ ਤੱਥਾਂ ਦੀ ਜਾਂਚ ਕਰਕੇ ਜ਼ਰੂਰੀ ਕਾਰਵਾਈ ਕਰਨਗੇ।

ਇਸ ਮਾਮਲੇ ਨੇ ਰਾਜਨੀਤਿਕ ਦ੍ਰਿਸ਼ ਨੂੰ ਹੋਰ ਵੀ ਗੁੰਝਲਦਾਰ ਬਣਾ ਦਿੱਤਾ ਹੈ, ਅਤੇ ਅਗਲੇ ਦਿਨਾਂ ਵਿੱਚ ਇਸ ਦੀ ਹੋਰ ਵੀ ਵਿਸਤਾਰ ਨਾਲ ਜਾਂਚ ਹੋਣ ਦੀ ਸੰਭਾਵਨਾ ਹੈ।

— Sunny Kumar, Jalandhar

CRIME

ਹੋਟਲ ਵਿੱਚ ਕਤਲ ਦੇ ਬਾਅਦ ਗੰਜਾ ਲੁਕਾਉਣ ਦੀ ਕੋਸ਼ਿਸ਼ 'ਚ ਏ.ਸੀ.ਪੀ. ਨੂੰ ਨਿਲੰਬਿਤ ਕੀਤਾ



ਹੋਟਲ ਵਿੱਚ ਹੋਈ ਕਤਲ ਦੀ ਜਾਂਚ ਕਰਦੇ ਹੋਏ, ਪੁਲਿਸ ਨੇ ਇੱਕ ਬੇਗੁਨਾਹ ਵਿਅਕਤੀ ਦੀ ਸਮਾਨ ਵਿੱਚ ਗੰਜਾ (ਮਰੀਜੁਆਨਾ) ਲੁਕਾਉਣ ਦੀ ਕੋਸ਼ਿਸ਼ ਦੀ ਪਛਾਣ ਕੀਤੀ।

ਜਾਂਚ ਦੇ ਦੌਰਾਨ, ਏ.ਸੀ.ਪੀ. (ਸਹਾਇਕ ਕਮਿਸ਼ਨਰ ਪੁਲਿਸ) ਨੇ ਇਸ ਗੈਰਕਾਨੂੰਨੀ ਕਾਰਵਾਈ ਵਿੱਚ ਸ਼ਾਮਲ ਹੋਣ ਦੀ ਸੰਭਾਵਨਾ ਉੱਭਰੀ, ਜਿਸ ਕਰਕੇ ਉਨ੍ਹਾਂ ਉੱਤੇ ਸਖ਼ਤ ਕਾਰਵਾਈ ਦੀ ਲੋੜ ਮਹਿਸੂਸ ਕੀਤੀ ਗਈ।

ਪੁਲਿਸ ਨੇ ਤੁਰੰਤ ਏ.ਸੀ.ਪੀ. ਨੂੰ ਸਸਪੈਂਸ਼ਨ ਕਰ ਦਿੱਤਾ ਅਤੇ ਮਾਮਲੇ ਦੀ ਪੂਰੀ ਜਾਂਚ ਲਈ ਇੱਕ ਵਿਸ਼ੇਸ਼ ਟੀਮ ਤਿਆਰ ਕੀਤੀ।

ਅਧਿਕਾਰੀਆਂ ਨੇ ਕਿਹਾ ਕਿ ਕਿਸੇ ਵੀ ਕਾਨੂੰਨੀ ਅਧਿਕਾਰੀ ਵੱਲੋਂ ਇਸ ਤਰ੍ਹਾਂ ਦੀ ਗੈਰਕਾਨੂੰਨੀ ਕਾਰਵਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕਾਨੂੰਨ ਦੇ ਅਨੁਸਾਰ ਕੜੀ ਕਾਰਵਾਈ ਕੀਤੀ ਜਾਵੇਗੀ।

— Sunny Kumar, Jalandhar

POLITICS

ਪੰਜਾਬ ਦੇ ਕੈਬਿਨੇਟ ਮੰਤਰੀ ਮਹਿੰਦਰ ਭਗਤ ਨੇ ਜਲੰਧਰ ਵੈਸਟ ਵਿੱਚ ਆਮ ਆਦਮੀ ਪਾਰਟੀ ਦੇ ਨੇਤਾਵਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸਮਾਨਿਤ ਕੀਤਾ



ਪੰਜਾਬ ਦੇ ਕੈਬਿਨੇਟ ਮੰਤਰੀ ਸ਼੍ਰੀ ਮਹਿੰਦਰ ਭਗਤ ਨੇ ਜਲੰਧਰ ਵੈਸਟ ਵਿੱਚ ਆਮ ਆਦਮੀ ਪਾਰਟੀ (AAP) ਦੇ ਨੇਤਾਵਾਂ ਨਾਲ ਮਿਲਣ ਦੀ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਮੰਤਰੀ ਜੀ ਨੇ ਨੇਤਾਵਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਇਸ ਬਾਰੇ ਚੇਤਾਇਆ ਕਿ ਜ਼ਿੰਮੇਵਾਰੀਆਂ ਦੀ ਵੰਡ ਪਾਰਦਰਸ਼ੀ ਅਤੇ ਜ਼ਿੰਮੇਵਾਰ ਹੋਣੀ ਚਾਹੀਦੀ ਹੈ।

ਉਨ੍ਹਾਂ ਨੇ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਪਾਰਟੀ ਅਧਿਕਾਰਾਂ ਦੀ ਦੁਰਵਰਤੋਂ ਕਰਦੀ ਹੈ ਤਾਂ ਇਸ ਨੂੰ ਤੁਰੰਤ ਠੀਕ ਕੀਤਾ ਜਾਣਾ ਚਾਹੀਦਾ ਹੈ।

ਇਸ ਮੀਟਿੰਗ ਤੋਂ ਬਾਅਦ AAP ਦੇ ਨੇਤਾਵਾਂ ਨੇ ਮੰਤਰੀ ਜੀ ਦੀ ਟਿੱਪਣੀ ਨੂੰ ਗੰਭੀਰਤਾ ਨਾਲ ਲਿਆ ਅਤੇ ਭਵਿੱਖ ਵਿੱਚ ਜ਼ਿੰਮੇਵਾਰੀਆਂ ਦੀ ਸੰਭਾਲ ਲਈ ਵਚਨਬੱਧਤਾ ਜਤਾਈ।

— Sunny Kumar, Jalandhar

ਸੰਗਤ ਮੰਡੀ ਨੇ ਸਵੈ-ਗਣਨਾ ਮੁਹਿੰਮ ’ਚ ਮਾਰੀ ਬਾਜ਼ੀ, 80 ਫ਼ੀਸਦੀ ਲੋਕਾਂ ਨੇ ਖੁਦ ਦਰਜ ਕੀਤੀ ਪਰਿਵਾਰਕ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਜਾਗਰੂਕਤਾ ਪ੍ਰੋਗਰਾਮ ’ਚ ਕੀਤੀ ਸ਼ਿਰਕਤ; ਘਰ-ਘਰ ਪਹੁੰਚ ਕੇ ਲੋਕਾਂ ਨੂੰ ਕੀਤਾ ਗਿਆ ਪ੍ਰੇਰਿਤ



ਬਠਿੰਡਾ, 19 ਨਵੰਬਰ (ਜੀਵਨ ਬਾਂਸਲ): ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਮੁਹਿੰਮ ਨੂੰ ਹੁਲਾਰਾ ਦੇਣ ਲਈ ਜ਼ਿਲ੍ਹਾ ਸੈਂਸਸ ਸੈੱਲ ਵੱਲੋਂ ਸੰਗਤ ਮੰਡੀ ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਪ੍ਰਿੰਸੀਪਲ ਸੈਂਸਸ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਸ਼ਿਰਕਤ ਕੀਤੀ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਗਿਣਤੀਕਾਰਾਂ, ਸੁਪਰਵਾਈਜ਼ਰਾਂ, ਫੀਲਡ ਟ੍ਰੇਨਰਾਂ ਅਤੇ ਮਾਸਟਰ ਟ੍ਰੇਨਰਾਂ ਦੇ ਸਹਿਯੋਗ ਨਾਲ ਪਿਛਲੇ 15 ਦਿਨਾਂ ਤੋਂ ਸੰਗਤ ਮੰਡੀ ਦੇ ਵੱਖ-ਵੱਖ ਇਲਾਕਿਆਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਆਪਣੇ ਮੋਬਾਈਲ ਫੋਨਾਂ ਰਾਹੀਂ ਸਵੈ-ਗਣਨਾ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਸੀ। ਇਸ ਮੁਹਿੰਮ ਦੌਰਾਨ ਸੰਗਤ ਮੰਡੀ ਦੇ ਲਗਭਗ 80 ਫ਼ੀਸਦੀ ਨਿਵਾਸੀਆਂ ਵੱਲੋਂ ਖੁਦ ਸਵੈ-ਗਣਨਾ ਕੀਤੇ ਜਾਣ ਦੀ ਸ਼ਲਾਘਾ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਦੀ ਪ੍ਰਕਿਰਿਆ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਪਰਿਵਾਰ ਦੀ ਸਹੀ ਜਾਣਕਾਰੀ ਆਨਲਾਈਨ ਦਰਜ ਕਰਨ। ਉਨ੍ਹਾਂ ਕਿਹਾ ਕਿ ਜਨਗਣਨਾ ਰਾਹੀਂ ਪ੍ਰਾਪਤ ਹੋਣ ਵਾਲੇ ਅੰਕੜੇ ਭਵਿੱਖ ਦੀਆਂ ਵਿਕਾਸ ਯੋਜਨਾਵਾਂ, ਸ਼ਹਿਰੀ ਬੁਨਿਆਦੀ ਢਾਂਚੇ ਅਤੇ ਲੋਕ ਭਲਾਈ ਦੀਆਂ ਸਕੀਮਾਂ ਦੀ ਯੋਜਨਾਬੰਦੀ ਲਈ ਮਹੱਤਵਪੂਰਨ ਆਧਾਰ ਬਣਦੇ ਹਨ।

ਪ੍ਰੋਗਰਾਮ ਵਿੱਚ ਜ਼ਿਲ੍ਹਾ ਬਠਿੰਡਾ ਅਤੇ ਨਗਰ ਨਿਗਮ ਬਠਿੰਡਾ ਦੇ ਵੱਖ-ਵੱਖ ਚਾਰਜਾਂ ਨਾਲ ਸਬੰਧਤ ਗਿਣਤੀਕਾਰਾਂ, ਸੁਪਰਵਾਈਜ਼ਰਾਂ, ਫੀਲਡ ਟ੍ਰੇਨਰਾਂ ਅਤੇ ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਰਾਹੁਲ ਕੁਮਾਰ, ਸ੍ਰੀ ਸੁਸ਼ੀਲ ਕੁਮਾਰ ਗੋਲਡੀ, ਉਪ ਅਰਥ ਤੇ ਅੰਕੜਾ ਸਲਾਹਕਾਰ ਚਰਨਜੀਤ ਕੌਰ, ਸਿੱਖਿਆ ਵਿਭਾਗ ਤੋਂ ਡਿਪਟੀ ਡੀ.ਈ.ਓ. ਸ੍ਰੀ ਚਮਕੌਰ ਸਿੰਘ, ਜ਼ਿਲ੍ਹਾ ਸੈਂਸਸ ਸੈੱਲ ਬਠਿੰਡਾ ਦੇ ਇੰਚਾਰਜ ਸ੍ਰੀ ਹਰਵਿੰਦਰ ਸਿੰਘ, ਮਾਸਟਰ ਟ੍ਰੇਨਰ ਮੁਕੇਸ਼ ਬਾਂਸਲ, ਫੀਲਡ ਟ੍ਰੇਨਰ ਮੋਤੀ ਰਾਮ, ਕੁਲਵੀਰ ਸਿੰਘ, ਸੁਰੇਸ਼ ਬਾਂਸਲ, ਡਾ. ਰਣਜੋਧ ਸਿੰਘ, ਲਖਵਿੰਦਰ ਸਿੰਘ ਅਤੇ ਦੀਪਕ ਗੋਨਿਆਣਾ ਸਮੇਤ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

— Jiwan kumar, Bathinda

‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਉਪਰਾਲੇ ਜਾਰੀ



ਸਕੂਲ ਵਿੱਚ ਜਾਗਰੂਕਤਾ ਪ੍ਰੋਗਰਾਮ, ਭੁੱਚੋ ਮੰਡੀ ਦੇ ਹੌਟਸਪੌਟ ਇਲਾਕਿਆਂ ਵਿੱਚ ਮੀਟਿੰਗਾਂ ਅਤੇ ਰੇਲਵੇ ਸਟੇਸ਼ਨ ’ਤੇ ਚੈਕਿੰਗ

ਬਠਿੰਡਾ, 19 ਨਵੰਬਰ (ਜੀਵਨ ਬਾਂਸਲ): ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਬਠਿੰਡਾ ਜ਼ਿਲ੍ਹੇ ਵਿੱਚ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਤੇ ਚੈਕਿੰਗ ਦੀਆਂ ਗਤੀਵਿਧੀਆਂ ਲਗਾਤਾਰ ਜਾਰੀ ਹਨ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਅਤੇ ਜ਼ਿਲ੍ਹਾ ਪੁਲਿਸ ਮੁਖੀ ਸੁਹੇਲ ਕਾਸਿਮ ਮੀਰ ਦੀ ਅਗਵਾਈ ਹੇਠ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਇਸੇ ਲੜੀ ਤਹਿਤ ਪੁਲਿਸ ਅਧਿਕਾਰੀਆਂ ਵੱਲੋਂ ਸਰਕਾਰੀ ਗਰਲਜ਼ ਸਕੂਲ, ਮਲੂਕਾ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਕਾਰਨ ਹੋਣ ਵਾਲੇ ਸਰੀਰਕ ਅਤੇ ਆਰਥਿਕ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ ਨਸ਼ੇ ਦੀ ਲਤ ਨਾਲ ਪ੍ਰਭਾਵਿਤ ਵਿਅਕਤੀਆਂ ਦੇ ਸਮਾਜ ਪ੍ਰਤੀ ਰਵੱਈਏ ਅਤੇ ਇਸ ਦੇ ਸਮਾਜਿਕ ਪ੍ਰਭਾਵਾਂ ਬਾਰੇ ਵੀ ਵਿਸਥਾਰ ਨਾਲ ਸਮਝਾਇਆ ਗਿਆ।

ਇਸ ਤੋਂ ਇਲਾਵਾ ਪੁਲਿਸ ਅਧਿਕਾਰੀਆਂ ਨੇ ਭੁੱਚੋ ਮੰਡੀ ਦੇ ਨਸ਼ਿਆਂ ਨਾਲ ਸਬੰਧਤ ਹੌਟਸਪੌਟ ਇਲਾਕਿਆਂ ਦਾ ਦੌਰਾ ਕੀਤਾ। ਇਸ ਦੌਰਾਨ ਵਾਰਡ ਨੰਬਰ 6, 7 ਅਤੇ 8 ਵਿੱਚ ਵੀਡੀਸੀ ਮੈਂਬਰਾਂ ਨਾਲ ਮੀਟਿੰਗਾਂ ਕਰਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ। ਪੁਲਿਸ ਵੱਲੋਂ ਰੇਲਵੇ ਸਟੇਸ਼ਨ ’ਤੇ ਤਲਾਸ਼ੀ ਮੁਹਿੰਮ ਚਲਾਉਂਦਿਆਂ ਚੈਕਿੰਗ ਵੀ ਕੀਤੀ ਗਈ।

ਇਸੇ ਤਰ੍ਹਾਂ ਪਿੰਡ ਕਲਿਆਣ ਸੱਦਾ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕਰਕੇ ਨਸ਼ਿਆਂ ਦੇ ਖਾਤਮੇ ਲਈ ਜਾਗਰੂਕਤਾ ਪੈਦਾ ਕੀਤੀ ਗਈ। ਇਸ ਤੋਂ ਇਲਾਵਾ ਪੁਲਿਸ ਅਧਿਕਾਰੀਆਂ ਵੱਲੋਂ ਜੀਦਾ ਸਥਿਤ ਰਮਨ ਮੈਡੀਕੋਜ਼ ਦੀ ਵੀ ਚੈਕਿੰਗ ਕੀਤੀ ਗਈ।

— Jiwan kumar, Bathinda

ਜਨਗਣਨਾ-2027 ਦੀ ਸਵੈ-ਗਣਨਾ ਲਈ ਨਗਰ ਨਿਗਮ ਵੱਲੋਂ ਜਾਗਰੂਕਤਾ ਮੁਹਿੰਮ book



ਕਮਿਸ਼ਨਰ ਲਵਜੀਤ ਕਲਸੀ ਨੇ ਪੋਸਟਰ ਕੀਤਾ ਜਾਰੀ; ਨਗਰ ਨਿਗਮ ਦੇ ਮੌਜੂਦਾ ਅਤੇ ਸੇਵਾਮੁਕਤ ਕਰਮਚਾਰੀਆਂ ਨੇ ਵੀ ਕੀਤੀ ਸਵੈ-ਗਣਨਾ

ਬਠਿੰਡਾ, 19 ਨਵੰਬਰ (ਜੀਵਨ ਬਾਂਸਲ): ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਮੁਹਿੰਮ ਨੂੰ ਉਤਸ਼ਾਹਿਤ ਕਰਨ ਲਈ ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਜਾਗਰੂਕਤਾ ਪੋਸਟਰ ਜਾਰੀ ਕੀਤਾ। ਇਸ ਮੌਕੇ ਨਗਰ ਨਿਗਮ ਦੀਆਂ ਵੱਖ-ਵੱਖ ਬ੍ਰਾਂਚਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ ਸੇਵਾਮੁਕਤ ਮੁਲਾਜ਼ਮਾਂ ਨੇ ਵੀ ਆਪਣੀ ਸਵੈ-ਗਣਨਾ ਕੀਤੀ।

ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਮੁਹਿੰਮ ਨੂੰ ਉਤਸ਼ਾਹਿਤ ਕਰਨ ਲਈ ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਜਾਗਰੂਕਤਾ ਪੋਸਟਰ ਜਾਰੀ ਕੀਤਾ। ਇਸ ਮੌਕੇ ਨਗਰ ਨਿਗਮ ਦੀਆਂ ਵੱਖ-ਵੱਖ ਬ੍ਰਾਂਚਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ ਸੇਵਾਮੁਕਤ ਮੁਲਾਜ਼ਮਾਂ ਨੇ ਵੀ ਆਪਣੀ ਸਵੈ-ਗਣਨਾ ਕੀਤੀ।

ਪੋਸਟਰ ਜਾਰੀ ਕਰਦਿਆਂ ਕਮਿਸ਼ਨਰ ਲਵਜੀਤ ਕਲਸੀ ਨੇ ਕਿਹਾ ਕਿ ਜਨਗਣਨਾ-2027 ਦੀ ਸਫ਼ਲਤਾ ਲਈ ਹਰ ਨਾਗਰਿਕ ਦੀ ਭਾਗੀਦਾਰੀ ਜ਼ਰੂਰੀ ਹੈ। ਸਵੈ-ਗਣਨਾ ਇੱਕ ਸੁਵਿਧਾਜਨਕ ਆਨਲਾਈਨ ਪ੍ਰਕਿਰਿਆ ਹੈ, ਜਿਸ ਰਾਹੀਂ ਲੋਕ ਘਰ ਬੈਠੇ ਹੀ ਆਪਣੇ ਪਰਿਵਾਰ ਦੀ ਲੋੜੀਂਦੀ ਜਾਣਕਾਰੀ ਦਰਜ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੇ ਮੌਜੂਦਾ ਅਤੇ ਸੇਵਾਮੁਕਤ ਕਰਮਚਾਰੀਆਂ ਵੱਲੋਂ ਇਸ ਪ੍ਰਕਿਰਿਆ ਵਿੱਚ ਹਿੱਸਾ ਲੈਣਾ ਸ਼ਲਾਘਾਯੋਗ ਉਪਰਾਲਾ ਹੈ, ਜੋ ਹੋਰਨਾਂ ਨਾਗਰਿਕਾਂ ਨੂੰ ਵੀ ਪ੍ਰੇਰਿਤ ਕਰੇਗਾ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰ ਦੀ ਸਹੀ ਜਾਣਕਾਰੀ ਆਨਲਾਈਨ ਦਰਜ ਕਰਵਾਉਣ। ਉਨ੍ਹਾਂ ਦੱਸਿਆ ਕਿ ਜਨਗਣਨਾ ਰਾਹੀਂ ਇਕੱਤਰ ਕੀਤੇ ਜਾਣ ਵਾਲੇ ਅੰਕੜੇ ਭਵਿੱਖ ਦੀਆਂ ਵਿਕਾਸ ਯੋਜਨਾਵਾਂ, ਸ਼ਹਿਰੀ ਬੁਨਿਆਦੀ ਢਾਂਚੇ ਅਤੇ ਲੋਕ ਭਲਾਈ ਦੀਆਂ ਸਕੀਮਾਂ ਦੀ ਯੋਜਨਾਬੰਦੀ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।

ਜਨਗਣਨਾ ਸੁਪਰਡੈਂਟ ਪ੍ਰਦੀਪ ਕੁਮਾਰ ਮਿੱਤਲ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਲੋਕਾਂ ਨੂੰ ਸਵੈ-ਗਣਨਾ ਦੀ ਮਹੱਤਤਾ ਅਤੇ ਇਸ ਦੀ ਪ੍ਰਕਿਰਿਆ ਬਾਰੇ ਜਾਣੂ ਕਰਵਾਉਣ ਲਈ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਨਗਰ ਨਿਗਮ ਦੇ ਕਰਮਚਾਰੀਆਂ ਦੀ ਭਾਗੀਦਾਰੀ ਨਾਲ ਇਸ ਮੁਹਿੰਮ ਨੂੰ ਹੋਰ ਹੁਲਾਰਾ ਮਿਲੇਗਾ।

ਸਵੈ-ਗਣਨਾ ਲਈ ਸ਼ਹਿਰ ਵਾਸੀ ਸਰਕਾਰੀ ਪੋਰਟਲ https://se.census.gov.in ’ਤੇ ਜਾ ਕੇ ਆਪਣੇ ਪਰਿਵਾਰ ਦੀ ਜਾਣਕਾਰੀ ਆਨਲਾਈਨ ਦਰਜ ਕਰ ਸਕਦੇ ਹਨ। ਨਗਰ ਨਿਗਮ ਵੱਲੋਂ ਲੋਕਾਂ ਨੂੰ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਆਂਢ-ਗੁਆਂਢ ਦੇ ਲੋਕਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਨ ਦੀ ਅਪੀਲ ਕੀਤੀ ਗਈ ਹੈ।

— Jiwan kumar, Bathinda

AUTOMOBILE

ਪੰਜਾਬ ''ਚ ਦਰਦਨਾਕ ਘਟਨਾ! ਪੁੱਤ ਨੂੰ ਲੱਗਿਆ ਕਰੰਟ, ਸਦਮੇ ''ਚ ਆਏ ਪਿਤਾ ਨੇ ਕੀਤਾ ਉਹ ਜੋ ਸੋਚਿਆ ਨਾ ਸੀ



ਪੰਜਾਬ "ਚ ਦਰਦਨਾਕ ਘਟਨਾ! ਪੁੱਤ ਨੂੰ ਲੱਗਿਆ ਕਰੰਟ, ਸਦਮੇ "ਚ ਆਏ ਪਿਤਾ ਨੇ ਕੀਤਾ ਉਹ ਜੋ ਸੋਚਿਆ ਨਾ ਸੀ

Thursday, Nov 19, 2026 ।

ਸ਼ਾਹਕੋਟ (need 24)-ਸ਼ਾਹਕੋਟ ਦੇ ਨੇੜਲੇ ਪਿੰਡ ਬਾਹਮਣੀਆਂ ’ਚ ਇਕ ਦਰਦਨਾਕ ਘਟਨਾ ਸਾਹਮਣੇ ਆਈ ਹੈ। ਇਥੇ 8 ਸਾਲਾ ਬੇਟੇ ਨੂੰ ਕਰੰਟ ਲੱਗਣ 'ਤੇ ਉਸ ਦੀ ਗੰਭੀਰ ਹਾਲਤ ਤੋਂ ਪ੍ਰੇਸ਼ਾਨ ਪਿਤਾ ਨੇ ਫਾਹਾ ਲਾ ਕੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਗੁਰਜਿੰਦਰ ਸਿੰਘ ਵਜੋਂ ਹੋਈ ਹੈ। ਘਟਨਾ ਤੋਂ ਬਾਅਦ ਪਰਿਵਾਰ 'ਚ ਸੋਗ ਦੀ ਲਹਿਰ ਦੌੜ ਗਈ।

ਮ੍ਰਿਤਕ ਦੀ ਪਤਨੀ ਮਨਪ੍ਰੀਤ ਕੌਰ ਮੁਤਾਬਕ 16 ਨਵੰਬਰ ਨੂੰ ਉਨ੍ਹਾਂ ਦੇ ਬੇਟੇ ਅਗਮਵੀਰ ਸਿੰਘ ਨੂੰ ਮੋਟਰ ਤੋਂ ਕਰੰਟ ਲੱਗ ਗਿਆ ਸੀ। ਉਸ ਨੂੰ ਇਲਾਜ ਲਈ ਜਲੰਧਰ ਦੇ ਇਕ ਨਿੱਜੀ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਉਸ ਦਾ ਇਲਾਜ ਜਾਰੀ ਹੈ। ਬੇਟੇ ਦੀ ਹਾਲਤ ਨੂੰ ਲੈ ਕੇ ਗੁਰਜਿੰਦਰ ਸਿੰਘ ਪਿਛਲੇ ਦੋ ਦਿਨਾਂ ਤੋਂ ਕਾਫ਼ੀ ਚਿੰਤਤ ਅਤੇ ਸਦਮੇ ’ਚ ਸੀ।

ਪਰਿਵਾਰਕ ਮੈਂਬਰਾਂ ਮੁਤਾਬਕ 18 ਨਵੰਬਰ ਦੀ ਤੜਕੇ ਲਗਭਗ 3 ਤੋਂ 3.30 ਵਜੇ ਉਹ ਘਰੋਂ ਬਾਹਰ ਚਲਾ ਗਿਆ। ਭਾਲ ਕਰਨ 'ਤੇ ਉਹ ਹਵੇਲੀ ਦੇ ਇਕ ਕਮਰੇ 'ਚ ਗਾਡਰ ਨਾਲ ਲਟਕਦਾ ਮਿਲਿਆ। ਪਰਿਵਾਰਕ ਮੈਂਬਰ ਉਸ ਨੂੰ ਹੇਠਾਂ ਉਤਾਰ ਕੇ ਹਸਪਤਾਲ ਲਿਜਾਣ ਦੀ ਤਿਆਰੀ ਕਰਨ ਲੱਗੇ ਪਰ ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ।

ਸੂਚਨਾ ਮਿਲਣ ’ਤੇ ਸਬ-ਇੰਸਪੈਕਟਰ ਵਰੁਣ ਪਟਿਆਲ ਪੁਲਸ ਪਾਰਟੀ ਸਮੇਤ ਮੌਕੇ ’ਤੇ ਪਹੁੰਚੇ। ਐੱਸ. ਐੱਚ. ਓ. ਸੁਖਵਿੰਦਰ ਪਾਲ ਸੋਢੀ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਤਾਰਾ ਸਿੰਘ ਅਤੇ ਪਤਨੀ ਦੇ ਬਿਆਨਾਂ ਦੇ ਆਧਾਰ ’ਤੇ ਧਾਰਾ 174 ਤਹਿਤ ਕਾਰਵਾਈ ਕੀਤੀ ਜਾ ਰਹੀ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਜਾਵੇਗੀ।

ਝੋਨੇ ਦੀ ਖਰੀਦ ’ਚ ਬੇਨਿਯਮੀਆਂ ਮਿਲਣ ’ਤੇ ਪੰਜ ਆੜ੍ਹਤੀਆਂ ਦੇ ਲਾਇਸੈਂਸ ਮੁਅੱਤਲ



ਮੰਡੀਆਂ ਵਿੱਚ ਕਿਸਾਨਾਂ ਦੀਆਂ ਫ਼ਸਲਾਂ ਦੀਆਂ ਢੇਰੀਆਂ ਆਪਸ ਵਿੱਚ ਮਿਲੀਆਂ ਹੋਣ ’ਤੇ ਕੀਤੀ ਕਾਰਵਾਈ; ਡਿਪਟੀ ਕਮਿਸ਼ਨਰ ਵੱਲੋਂ ਨਿਯਮਾਂ ਦੀ ਪਾਲਣਾ ਕਰਨ ਦੀ ਚਿਤਾਵਨੀ

ਬਠਿੰਡਾ, 19 ਨਵੰਬਰ (ਜੀਵਨ ਬਾਂਸਲ): ਜ਼ਿਲ੍ਹਾ ਬਠਿੰਡਾ ਵਿੱਚ ਝੋਨੇ ਦੀ ਖਰੀਦ ਦੌਰਾਨ ਬੇਨਿਯਮੀਆਂ ਸਾਹਮਣੇ ਆਉਣ ’ਤੇ ਪੰਜ ਕਮਿਸ਼ਨ ਏਜੰਟਾਂ (ਆੜ੍ਹਤੀਆਂ) ਦੇ ਲਾਇਸੈਂਸ ਮੁਅੱਤਲ ਕਰ ਦਿੱਤੇ ਗਏ ਹਨ। ਇਹ ਕਾਰਵਾਈ ਮਾਰਕੀਟ ਕਮੇਟੀ ਰਾਮਾਂ ਅਤੇ ਤਲਵੰਡੀ ਸਾਬੋ ਵੱਲੋਂ ਵੱਖ-ਵੱਖ ਦਾਣਾ ਮੰਡੀਆਂ ਵਿੱਚ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਨਿਯਮਾਂ ਅਨੁਸਾਰ ਆੜ੍ਹਤੀਆਂ ਲਈ ਹਰੇਕ ਕਿਸਾਨ ਦੀ ਫ਼ਸਲ ਦੀਆਂ ਢੇਰੀਆਂ ਵੱਖ-ਵੱਖ ਲਗਾਉਣੀਆਂ ਅਤੇ ਉਨ੍ਹਾਂ ਦੀ ਸਹੀ ਢੰਗ ਨਾਲ ਨਿਸ਼ਾਨਦੇਹੀ ਕਰਨੀ ਲਾਜ਼ਮੀ ਹੈ। ਪਰ ਜਾਂਚ ਦੌਰਾਨ ਮੰਡੀਆਂ ਵਿੱਚ ਪਹੁੰਚੀਆਂ ਟੀਮਾਂ ਨੇ ਪਾਇਆ ਕਿ ਕੁਝ ਥਾਵਾਂ ’ਤੇ ਕਿਸਾਨਾਂ ਦੀਆਂ ਫ਼ਸਲਾਂ ਦੀਆਂ ਢੇਰੀਆਂ ਆਪਸ ਵਿੱਚ ਮਿਲਾਈਆਂ ਹੋਈਆਂ ਸਨ।

ਉਨ੍ਹਾਂ ਦੱਸਿਆ ਕਿ ਪੰਜਾਬ ਐਗਰੀਕਲਚਰਲ ਪ੍ਰੋਡਿਊਸ ਮਾਰਕੀਟ ਐਕਟ, 1961 ਦੀ ਧਾਰਾ 10 ਤਹਿਤ ਨਿਯਮ ਨੰਬਰ 1, 2, 4 ਅਤੇ 8 ਦੀ ਉਲੰਘਣਾ ਕਰਨ ਦੇ ਮੱਦੇਨਜ਼ਰ ਇਹ ਕਾਰਵਾਈ ਕੀਤੀ ਗਈ ਹੈ। ਸਬੰਧਤ ਆੜ੍ਹਤੀਆਂ ਵੱਲੋਂ ਨੋਟੀਫਾਈਡ ਮਾਰਕੀਟ ਖੇਤਰ ਵਿੱਚ ਖਰੀਦੀ ਜਾਂ ਵੇਚੀ ਗਈ ਖੇਤੀਬਾੜੀ ਜਿਣਸ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਲਾਇਸੈਂਸ ਤਲਵੰਡੀ ਸਾਬੋ ਖੇਤਰ ਵਿੱਚ ਮੁਅੱਤਲ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਆੜ੍ਹਤੀਆਂ ਨੂੰ ਚਿਤਾਵਨੀ ਦਿੱਤੀ ਕਿ ਉਹ ਸਰਕਾਰ ਵੱਲੋਂ ਨਿਰਧਾਰਤ ਨਿਯਮਾਂ ਅਤੇ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਸਰਕਾਰੀ ਅਧਿਕਾਰੀਆਂ ਵੱਲੋਂ ਵੱਖ-ਵੱਖ ਅਨਾਜ ਮੰਡੀਆਂ ਦਾ ਲਗਾਤਾਰ ਦੌਰਾ ਕਰਕੇ ਅਚਨਚੇਤ ਚੈਕਿੰਗ ਵੀ ਕੀਤੀ ਜਾ ਰਹੀ ਹੈ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਝੋਨੇ ਦੀ ਆਮਦ, ਖਰੀਦ ਅਤੇ ਲਿਫਟਿੰਗ ਦੇ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ 201 ਨੋਟੀਫਾਈਡ ਅਨਾਜ ਮੰਡੀਆਂ ਵਿੱਚ ਹੁਣ ਤੱਕ 15,20,171 ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ। 18 ਨਵੰਬਰ ਨੂੰ ਇੱਕ ਦਿਨ ਵਿੱਚ 20,093 ਮੀਟ੍ਰਿਕ ਟਨ ਝੋਨੇ ਦੀ ਆਮਦ ਦਰਜ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁੱਲ 14,28,675 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ, ਜਦਕਿ 18 ਨਵੰਬਰ ਨੂੰ ਇੱਕ ਦਿਨ ਵਿੱਚ 31,666 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ। ਖਰੀਦੇ ਗਏ ਝੋਨੇ ਦੀ ਲਿਫਟਿੰਗ ਦਾ ਕੰਮ ਵੀ ਤੇਜ਼ੀ ਨਾਲ ਜਾਰੀ ਹੈ ਅਤੇ ਹੁਣ ਤੱਕ 11,20,120 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ।

— Jiwan kumar, Bathinda

POLITICS

ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੂੰ ਵੱਡਾ ਝਟਕਾ! ਭਾਜਪਾ ''ਚ ਸ਼ਾਮਲ ਹੋਇਆ ਸਾਬਕਾ ਵਿਧਾਇਕ



ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੂੰ ਵੱਡਾ ਝਟਕਾ! ਭਾਜਪਾ "ਚ ਸ਼ਾਮਲ ਹੋਇਆ ਸਾਬਕਾ ਵਿਧਾਇਕ

Thursday, Nov 19, 2026।

2027 ਤੋਂ ਪਹਿਲਾਂ ਕਾਂਗਰਸ ਨੂੰ ਝਟਕਾ ਦਿੰਦਿਆਂ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਆਪਣੇ ਸਾਥੀਆਂ ਸਮੇਤ ਭਾਜਪਾ ’ਚ ਸ਼ਾਮਲ ਹੋ ਗਏ। ਚੰਡੀਗੜ੍ਹ ’ਚ ਹੋਏ ਸਮਾਗਮ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇ ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਉਨ੍ਹਾਂ ਦਾ ਪਾਰਟੀ ’ਚ ਸਵਾਗਤ ਕੀਤਾ। ਉਨ੍ਹਾਂ ਦੇ ਨਾਲ ਰਾਜਪੁਰਾ ਅਤੇ ਆਸ-ਪਾਸ ਦੇ ਕਈ ਸਾਬਕਾ ਅਹੁਦੇਦਾਰ ਤੇ ਸਥਾਨਕ ਆਗੂ ਵੀ ਭਾਜਪਾ ’ਚ ਸ਼ਾਮਲ ਹੋਏ।

ਕੰਬੋਜ ਨੇ ਕਿਹਾ ਕਿ ਪੰਜਾਬ ’ਚ ਗੈਂਗਸਟਰਵਾਦ, ਫਿਰੌਤੀਆਂ, ਲੁੱਟ-ਖੋਹ ਤੇ ਧੱਕੇਸ਼ਾਹੀ ਦੇ ਵਧਦੇ ਮਾਹੌਲ ਕਾਰਨ ਉਨ੍ਹਾਂ ਨੇ ਭਾਜਪਾ ’ਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਨਾਲ ਮਿਲ ਕੇ ਪੰਜਾਬ ਨੂੰ ਨਸ਼ਾ, ਗੈਂਗਸਟਰਵਾਦ ਅਤੇ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਕੰਮ ਕਰਨਗੇ। ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਦਾਅਵਾ ਕੀਤਾ ਕਿ ਪੰਜਾਬ ’ਚ ਭਾਜਪਾ ਦਾ ਆਧਾਰ ਮਜ਼ਬੂਤ ਹੋ ਰਿਹਾ ਹੈ ਅਤੇ 2027 ’ਚ ਪਾਰਟੀ ਦੀ ਸਰਕਾਰ ਬਣੇਗੀ।

— Shamsher Singh

POLITICS

ਜਲੰਧਰ ਵਿੱਚ AAP ਦੇ ਉੱਤਰੀ ਮੇਅਰ ਵਿਨੀਤ ਧੀਰ ਨੇ 1.72 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਉਦਘਾਟਨਾ ਕੀਤੀ



ਜਲੰਧਰ, ਪੰਜਾਬ – ਅੱਜ ਸਵੇਰੇ, ਆਮ ਆਦਮੀ ਪਾਰਟੀ (AAP) ਦੇ ਉੱਤਰੀ ਮੇਅਰ ਵਿਨੀਤ ਧੀਰ ਜੀ ਨੇ 1.72 ਕਰੋੜ ਰੁਪਏ ਦੀ ਲਾਗਤ ਵਾਲੇ ਕਈ ਵਿਕਾਸ ਪ੍ਰੋਜੈਕਟਾਂ ਦੀ ਉਦਘਾਟਨਾ ਕੀਤੀ। ਇਹ ਉਪਕਰਮ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਸੁਧਾਰ ਲਿਆਉਣ ਲਈ ਤਿਆਰ ਕੀਤੇ ਗਏ ਹਨ।

ਉਦਘਾਟਨਾ ਸਮਾਰੋਹ ਵਿੱਚ ਮੇਅਰ ਜੀ ਨੇ ਪ੍ਰੋਜੈਕਟਾਂ ਦੀ ਮਹੱਤਤਾ ਤੇ ਉਨ੍ਹਾਂ ਦੇ ਲਕਸ਼ਾਂ ਬਾਰੇ ਜਾਣਕਾਰੀ ਦਿੱਤੀ, ਜਿਸ ਵਿੱਚ ਬੁਨਿਆਦੀ ਢਾਂਚਾ, ਸਫਾਈ ਅਤੇ ਸਮਾਜਿਕ ਸੁਵਿਧਾਵਾਂ ਦੀ ਸੁਧਾਰ ਸ਼ਾਮਲ ਹਨ।

ਇਹ ਪ੍ਰੋਜੈਕਟਾਂ ਦੀ ਉਮੀਦ ਹੈ ਕਿ ਜਲੰਧਰ ਦੇ ਨਾਗਰਿਕਾਂ ਦੀ ਜੀਵਨ ਗੁਣਵੱਤਾ ਵਿੱਚ ਸੁਧਾਰ ਲਿਆਉਣਗੇ ਅਤੇ ਸ਼ਹਿਰ ਦੀ ਆਰਥਿਕ ਵਿਕਾਸ ਨੂੰ ਤੇਜ਼ੀ ਦੇਣਗੇ।

— Sunny Kumar, Jalandhar

BUSINESS

ਮੂਧੇ ਮੂੰਹ ਡਿੱਗਾ ਸੋਨਾ, ਕੀਮਤਾਂ 'ਚ ਆ ਗਈ 25% ਦੀ ਗਿਰਾਵਟ; ਹੋ ਸਕਦੀ ਹੈ ਵੱਡੀ ਰਿਕਵਰੀ!



ਮੂਧੇ ਮੂੰਹ ਡਿੱਗਾ ਸੋਨਾ, ਕੀਮਤਾਂ 'ਚ ਆ ਗਈ 25% ਦੀ ਗਿਰਾਵਟ; ਹੋ ਸਕਦੀ ਹੈ ਵੱਡੀ ਰਿਕਵਰੀ!

Thursday, Nov 19, 2026।

ਨਵੀਂ ਦਿੱਲੀ : ਸੋਨੇ ਦੀਆਂ ਕੀਮਤਾਂ 'ਚ ਲਗਾਤਾਰ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਇਸ ਸਾਲ ਉੱਚ ਪੱਧਰ 'ਤੇ ਸੋਨਾ ਖਰੀਦਣ ਵਾਲੇ ਨਿਵੇਸ਼ਕ ਚਿੰਤਤ ਹੋ ਰਹੇ ਹਨ। ਇਸ ਦੌਰਾਨ, ਨਵੇਂ ਨਿਵੇਸ਼ਕ ਇਸ ਗੱਲ ਨੂੰ ਲੈ ਕੇ ਅਨਿਸ਼ਚਿਤ ਹਨ ਕਿ ਮੌਜੂਦਾ ਗਿਰਾਵਟ ਦੇ ਵਿਚਕਾਰ ਸੋਨਾ ਖਰੀਦਣਾ ਸਹੀ ਹੈ, ਜਾਂ ਕੀਮਤਾਂ ਹੋਰ ਡਿੱਗ ਸਕਦੀਆਂ ਹਨ। ਹਾਲਾਂਕਿ, ਇਤਿਹਾਸਕ ਅੰਕੜੇ ਦਰਸਾਉਂਦੇ ਹਨ ਕਿ ਮਹੱਤਵਪੂਰਨ ਗਿਰਾਵਟ ਤੋਂ ਬਾਅਦ, ਸੋਨੇ ਦੀਆਂ ਕੀਮਤਾਂ ਵਿੱਚ ਸਾਲ ਦੇ ਅੰਤ ਤੱਕ ਅਕਸਰ ਇੱਕ ਮਹੱਤਵਪੂਰਨ ਰਿਕਵਰੀ ਦੇਖਣ ਨੂੰ ਮਿਲੀ ਹੈ, ਪਰ ਹਮੇਸ਼ਾ ਅਜਿਹਾ ਨਹੀਂ ਹੁੰਦਾ।

ਵੀਰਵਾਰ, 19 ਨਵੰਬਰ ਨੂੰ ਸੋਨੇ ਦੀਆਂ ਕੀਮਤਾਂ ਕਮਜ਼ੋਰ ਰਹੀਆਂ। MCX 'ਤੇ 4 ਦਸੰਬਰ ਦੀ ਡਿਲੀਵਰੀ ਲਈ ਸੋਨੇ ਦੇ ਫਿਊਚਰਜ਼ 0.75% ਘੱਟ ਕੇ 1,28,842 ਰੁਪਏ ਪ੍ਰਤੀ 10 ਗ੍ਰਾਮ 'ਤੇ ਖੁੱਲ੍ਹੇ। ਇਸ ਦੌਰਾਨ, ਸੋਨੇ ਦੀ ਸਪਾਟ ਕੀਮਤ ਲਗਭਗ 1,30,921 ਰੁਪਏ ਪ੍ਰਤੀ 10 ਗ੍ਰਾਮ ਸੀ।

ਖੋਜ ਅਨੁਸਾਰ, ਸੋਨੇ ਦੀਆਂ ਕੀਮਤਾਂ 31 ਅਕਤੂਬਰ, 2026 ਤੱਕ ਸਾਲ ਦੌਰਾਨ ਆਪਣੇ ਸਿਖਰਲੇ ਪੱਧਰ ਤੋਂ ਲਗਭਗ 25% ਘੱਟ ਗਈਆਂ। ਇਹ 1980 ਤੋਂ ਬਾਅਦ ਸਭ ਤੋਂ ਵੱਡੀ ਗਿਰਾਵਟ ਵਿੱਚੋਂ ਇੱਕ ਹੈ। ਇਤਿਹਾਸਕ ਅੰਕੜੇ ਦਰਸਾਉਂਦੇ ਹਨ ਕਿ 1980 ਤੋਂ ਬਾਅਦ, ਸੋਨੇ ਵਿੱਚ ਔਸਤਨ ਲਗਭਗ 13% ਦੀ ਗਿਰਾਵਟ ਆਈ ਹੈ।

— Shamsher Singh

ਚਰਨਜੀਤ ਚੰਨੀ ਦੀ ਸਾਈਕਲ ਯਾਤਰਾ ''ਚ ਪਹੁੰਚੇ ਰਾਜਾ ਵੜਿੰਗ, ਅਖ਼ੀਰਲੇ ਦਿਨ ਕੀਤੀ ਸ਼ਮੂਲੀਅਤ



ਚਰਨਜੀਤ ਚੰਨੀ ਦੀ ਸਾਈਕਲ ਯਾਤਰਾ "ਚ ਪਹੁੰਚੇ ਰਾਜਾ ਵੜਿੰਗ, ਅਖ਼ੀਰਲੇ ਦਿਨ ਕੀਤੀ ਸ਼ਮੂਲੀਅਤ

Thursday, Nov 19, 2026 ।

ਲੁਧਿਆਣਾ (need24): ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ 'ਜਵਾਨੀ ਸੰਭਾਲ ਯਾਤਰਾ' ਦਾ ਪਹਿਲਾ ਪੜਾਅ ਅੱਜ ਲੁਧਿਆਣਾ ਦੇ ਸਮਰਾਲਾ ਵਿਚ ਸੰਪੰਨ ਹੋਇਆ। ਯਾਤਰਾ ਦੇ ਅਖ਼ੀਰਲੇ ਦਿਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵੀ ਪਹੁੰਚੇ। ਇਸ ਤੋਂ ਇਲਾਵਾ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪਰਗਟ ਸਿੰਘ, ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ, ਸੁਖਪਾਲ ਸਿੰਘ ਖਹਿਰਾ ਸਮੇਤ ਕਈ ਵੱਡੇ ਲੀਡਰ ਪਹੁੰਚੇ।

ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਰਾਜਾ ਵੜਿੰਗ ਨੇ ਚਰਨਜੀਤ ਸਿੰਘ ਚੰਨੀ ਦੀ ਇਸ ਯਾਤਰਾ ਤੋਂ ਦੂਰੀ ਬਣਾਈ ਹੋਈ ਸੀ, ਜਿਸ ਕਾਰਨ ਵਿਰੋਧੀਆਂ ਨੂੰ ਇਕ ਵਾਰ ਫ਼ਿਰ ਕਾਂਗਰਸ ਵਿਚ ਅੰਦਰੂਨੀ ਕਲੇਸ਼ ਦਾ ਮੁੱਦਾ ਚੁੱਕਣ ਦਾ ਮ

ਤੋਂ ਕੰਟਰੋਲ ਗੁਆ ਦਿੱਤਾ, ਜਿਸ ਤੋਂ ਬਾਅਦ ਕਾਰ ਪੁਲ ਤੋਂ ਨਹਿਰ ਵਿੱਚ ਡਿੱਗ ਗਈ। ਅਰਰੀਆ ਦੇ ਪੁਲਿਸ ਸੁਪਰਡੈਂਟ (ਐਸਪੀ) ਦੇ ਦਫ਼ਤਰ ਵੱਲੋਂ ਜਾਰੀ ਬਿਆਨ ਅਨੁਸਾਰ, ਕਾਰ ਸਵਾਰ ਅਰਰੀਆ ਜ਼ਿਲ੍ਹੇ ਦੇ ਸਿਕਤੀ ਬਲਾਕ ਦੇ ਭਾਪਟੀਆ ਪਿੰਡ ਵਿੱਚ ਇੱਕ 'ਤਿਲਕ' ਸਮਾਰੋਹ ਵਿੱਚ ਸ਼ਾਮਲ ਹੋਣ ਤੋਂ ਬਾਅਦ ਘਰ ਵਾਪਸ ਆ ਰਹੇ ਸਨ। ਕਾਰ ਵਿੱਚ ਸਵਾਰ ਲੋਕ ਲਾੜੀ ਦੇ ਪਰਿਵਾਰਕ ਮੈਂਬਰ ਸਨ। ਬਿਆਨ ਵਿੱਚ ਕਿਹਾ ਗਿਆ ਹੈ ਕਿ ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਸਥਾਨਕ ਨਿਵਾਸੀਆਂ ਦੀ ਮਦਦ ਨਾਲ ਸਾਰੇ ਸੱਤ ਲੋਕਾਂ ਨੂੰ ਨਹਿਰ ਤੋਂ ਬਾਹਰ ਕੱਢਿਆ।

ਇਸ ਤੋਂ ਬਾਅਦ ਉਨ੍ਹਾਂ ਨੂੰ ਅਰਰੀਆ ਸਦਰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਛੇ ਲੋਕਾਂ ਨੂੰ ਮ੍ਰਿਤਕ ਐਲਾਨ ਦਿੱਤਾ। ਜ਼ਖਮੀ ਵਿਅਕਤੀ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਉਸਦੇ ਪਰਿਵਾਰਕ ਮੈਂਬਰ ਵੀ ਹਸਪਤਾਲ ਪਹੁੰਚ ਗਏ ਹਨ। ਮ੍ਰਿਤਕਾਂ ਦੀ ਪਛਾਣ ਯਸ਼ ਕੁਮਾਰ (16), ਸੌਰਭ ਕੁਮਾਰ (15), ਆਦਿਤਿਆ ਅਮਨ (20), ਮੁੰਨਾ ਕੁਮਾਰ (22), ਆਰੀਅਨ (15) ਅਤੇ ਕਾਰ ਚਾਲਕ ਕੁੰਦਨ ਯਾਦਵ (28) ਵਜੋਂ ਹੋਈ ਹੈ, ਜੋ ਸੁਪੌਲ ਜ਼ਿਲ੍ਹੇ ਦੇ ਪਿਪਰਾ ਥਾਣਾ ਖੇਤਰ ਦੇ ਤੁਮਾਹਾ ਪਿੰਡ ਦੇ ਰਹਿਣ ਵਾਲੇ ਹਨ। ਪੁਲਸ ਨੇ ਦੱਸਿਆ ਕਿ ਪੋਸਟਮਾਰਟਮ ਤੋਂ ਬਾਅਦ ਸਾਰੀਆਂ ਲਾਸ਼ਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪ ਦਿੱਤੀਆਂ ਗਈਆਂ ਹਨ।

— Shamsher Singh

VIRAL & TRENDING

ਵ੍ਰਿੰਦਾਵਨ ''ਚ ਠਾਕੁਰ ਜੀ ਦੇ ਲਾਈਵ ਦਰਸ਼ਨਾਂ ਲਈ ਲਗਾਈ ਸਕ੍ਰੀਨ ''ਤੇ ਅਚਾਨਕ ਚੱਲਿਆ ਗਾਣਾ, ਵੀਡੀਓ ਵਾਇਰਲ



ਵ੍ਰਿੰਦਾਵਨ "ਚ ਠਾਕੁਰ ਜੀ ਦੇ ਲਾਈਵ ਦਰਸ਼ਨਾਂ ਲਈ ਲਗਾਈ ਸਕ੍ਰੀਨ "ਤੇ ਅਚਾਨਕ ਚੱਲਿਆ ਗਾਣਾ, ਵੀਡੀਓ ਵਾਇਰਲ

Thursday, Nov 19, 2026 ।

ਮਥੁਰਾ : ਮਥੁਰਾ ਦੇ ਵ੍ਰਿੰਦਾਵਨ ਵਿਚ ਮੰਦਰ ਦੇ ਰਾਸਤਿਆਂ ਵਿਚ ਸ਼ਰਧਾਲੂਆਂ ਨੂੰ ਠਾਕੁਰ ਜੀ ਦੇ ਲਾਈਵ ਦਰਸ਼ਨ ਕਰਵਾਉਣ ਲਈ ਲਗਾਈ ਗਈ ਇਕ LED ਸਕ੍ਰੀਨ 'ਤੇ ਫ਼ਿਲਮੀ ਗਾਣੇ ਚੱਲਣ ਦਾ ਦਾਅਵਾ ਕੀਤਾ ਗਿਆ ਹੈ। ਸਕ੍ਰੀਨ 'ਤੇ ਚੱਲਣ ਵਾਲੇ ਗਾਣੇ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ ਨੂੰ ਦੇਖਦੇ ਸਾਰ ਸ਼ਰਧਾਲੂਆਂ ਵਿਚ ਰੋਸ ਪਾਇਆ ਜਾ ਰਿਹਾ ਹੈ। ਇਸ ਸਕ੍ਰੀਨ 'ਤੇ ਠਾਕੁਰ ਜੀ ਦੇ ਲਾਈਵ ਦਰਸ਼ਨ ਦਿਖਾਏ ਜਾਣੇ ਸਨ ਪਰ ਤਕਨੀਕੀ ਖਰਾਬੀ ਕਾਰਨ ਫਿਲਮੀ ਗੀਤ ਪ੍ਰਸਾਰਿਤ ਕੀਤੇ ਗਏ।

ਦੱਸ ਦੇਈਏ ਕਿ ਇਹ ਘਟਨਾ ਉੱਤਰ ਪ੍ਰਦੇਸ਼ ਦੇ ਵ੍ਰਿੰਦਾਵਨ ਵਿਚ ਠਾਕੁਰ ਸ਼੍ਰੀ ਬਾਂਕੇ ਬਿਹਾਰੀ ਮੰਦਰ ਜਾਣ ਵਾਲੇ ਰਸਤੇ ਵਿੱਚ ਵਾਪਰੀ ਹੈ, ਜਿਥੇ ਵੱਡੀ ਗਿਣਤੀ ਵਿਚ ਲੋਕਾਂ ਦਾ ਆਉਣਾ-ਜਾਣਾ ਹੈ। ਇਸ ਦੌਰਾਨ ਬਾਂਕੇ ਬਿਹਾਰੀ ਮੰਦਰ ਦੇ ਲਾਈਵ ਦਰਸ਼ਨ ਲਈ ਲਗਾਈ ਗਈ ਇੱਕ LED ਸਕ੍ਰੀਨ 'ਤੇ ਅਚਾਨਕ ਫਿਲਮੀ ਗਾਣੇ ਚੱਲਣ ਦਾ ਦਾਅਵਾ ਕੀਤਾ ਗਿਆ। ਐੱਲਈਡੀ ਸਕਰੀਨ 'ਤੇ ਦਰਸ਼ਨਾਂ ਦੀ ਥਾਂ ਗਾਣੇ ਚੱਲਣ ਦੀ ਨਵੰਬਰ 2026 ਵਿੱਚ ਵਾਪਰੀ ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਗਈ, ਜਿਸ ਤੋਂ ਬਾਅਦ ਸ਼ਰਧਾਲੂਆਂ ਨੇ ਡੂੰਘਾ ਰੋਸ ਪ੍ਰਗਟ ਕੀਤਾ ਹੈ।

ਮਥੁਰਾ-ਵ੍ਰਿੰਦਾਵਨ ਨਗਰ ਨਿਗਮ ਕਮਿਸ਼ਨਰ ਓਜਸਵੀ ਰਾਜ ਨੇ ਸਪੱਸ਼ਟ ਕੀਤਾ ਕਿ ਇਹ LED ਸਕਰੀਨ ਨਗਰ ਨਿਗਮ ਦੀ ਨਹੀਂ ਹੈ। ਇਹ ਸਕਰੀਨ ਇੱਕ ਨਿੱਜੀ ਧਾਰਮਿਕ ਟਰੱਸਟ ਦੁਆਰਾ ਚਲਾਈ ਜਾ ਰਹੀ ਸੀ। ਭਰਤਪੁਰ ਕੁੰਜ ਵਿਖੇ ਰਾਧਾਸਰੋਵਰ ਮਹਾਰਾਜ ਟਰੱਸਟ ਦੇ ਮੈਨੇਜਰ ਮਨੋਜ ਕੁਮਾਰ ਨੇ ਇਸ ਘਟਨਾ ਦੀ ਜ਼ਿੰਮੇਵਾਰੀ ਲਈ ਅਤੇ ਅਫਸੋਸ ਪ੍ਰਗਟ ਕੀਤਾ।

— Shamsher Singh

EPFO ਦੇ ਲੱਖਾਂ ਕਰਮਚਾਰੀਆਂ ਲਈ ਵੱਡੀ ਖ਼ੁਸ਼ਖ਼ਬਰੀ, SWP ਯੋਜਨਾ ਨੂੰ ਮਿਲੀ ਮਨਜ਼ੂਰੀ, ਜਾਣੋ ਪੂਰਾ ਵੇਰਵਾ



EPFO ਦੇ ਲੱਖਾਂ ਕਰਮਚਾਰੀਆਂ ਲਈ ਵੱਡੀ ਖ਼ੁਸ਼ਖ਼ਬਰੀ, SWP ਯੋਜਨਾ ਨੂੰ ਮਿਲੀ ਮਨਜ਼ੂਰੀ, ਜਾਣੋ ਪੂਰਾ ਵੇਰਵਾ

Thursday, Nov 19, 2026 ।

ਨਵੀਂ ਦਿੱਲੀ : ਕਰਮਚਾਰੀ ਭਵਿੱਖ ਨਿਧੀ ਸੰਗਠਨ (EPFO) ਦੇ ਲੱਖਾਂ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਵੱਡੀ ਖੁਸ਼ਖ਼ਬਰੀ ਹੈ। ਸੈਂਟਰਲ ਬੋਰਡ ਆਫ਼ ਟਰੱਸਟੀਜ਼ (CBT) ਨੇ ਕਰਮਚਾਰੀ ਭਵਿੱਖ ਨਿਧੀ ਸੰਗਠਨ (EPFO) ਦੇ ਸੇਵਾਮੁਕਤ ਮੈਂਬਰਾਂ ਲਈ ਇੱਕ ਸਿਸਟਮੈਟਿਕ ਕਢਵਾਉਣ ਯੋਜਨਾ (SWP) ਪੇਸ਼ ਕਰਨ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਸਹੂਲਤ ਤਹਿਤ, ਮੈਂਬਰ ਆਪਣੀ ਜਮ੍ਹਾਂ ਪ੍ਰਾਵੀਡੈਂਟ ਫੰਡ ਬੱਚਤ ਨੂੰ ਇੱਕ ਵਾਰ ਵਿੱਚ ਪੂਰੀ ਰਕਮ ਕਢਵਾਉਣ ਦੀ ਬਜਾਏ ਸਮੇਂ ਦੇ ਨਾਲ ਕਿਸ਼ਤਾਂ ਵਿੱਚ ਪ੍ਰਾਪਤ ਕਰ ਸਕਣਗੇ।

ਸੰਗਠਨ ਨੇ ਸੇਵਾਮੁਕਤੀ(ਰਿਟਾਇਰਮੈਂਟ) ਤੋਂ ਬਾਅਦ ਇਕੱਠਾ ਪੀਐਫ ਫੰਡ ਕਢਵਾਉਣ ਦੀ ਬਜਾਏ ਮਹੀਨਾਵਾਰ, ਤਿਮਾਹੀ ਜਾਂ ਸਾਲਾਨਾ ਆਧਾਰ ਤਹਿਤ ਕਿਸ਼ਤਾਂ ਵਿੱਚ ਪੈਸਾ ਕਢਵਾਉਣ ਦੀ ਸਹੂਲਤ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸਨੂੰ ਸਿਸਟਮੈਟਿਕ ਕਢਵਾਉਣਾ ਯੋਜਨਾ (SWP) ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ, ਪੀਐਫ ਖਾਤੇ ਵਿੱਚ ਘੱਟੋ-ਘੱਟ ਬਕਾਇਆ ਰਕਮ 25% ਤੋਂ ਘਟਾ ਕੇ 10% ਕਰ ਦਿੱਤੀ ਗਈ ਹੈ। ਨੌਕਰੀ ਜਾਣ ਤੋਂ ਬਾਅਦ ਪੂਰੇ ਪੀਐਫ ਬਕਾਏ ਨੂੰ ਕਢਵਾਉਣ ਦੀ ਉਡੀਕ ਦੀ ਮਿਆਦ ਵੀ 12 ਮਹੀਨਿਆਂ ਤੋਂ ਘਟਾ ਕੇ ਦੋ ਮਹੀਨੇ ਕਰ ਦਿੱਤੀ ਗਈ ਹੈ। ਇਹ ਫੈਸਲੇ ਵੀਰਵਾਰ, 19 ਨਵੰਬਰ ਨੂੰ ਈਪੀਐਫਓ ਦੇ ਸੈਂਟਰਲ ਬੋਰਡ ਆਫ਼ ਟਰੱਸਟੀਜ਼ (ਸੀਬੀਟੀ) ਦੀ ਮੀਟਿੰਗ ਵਿੱਚ ਲਏ ਗਏ। ਮੀਟਿੰਗ ਦੀ ਪ੍ਰਧਾਨਗੀ ਕੇਂਦਰੀ ਕਿਰਤ ਮੰਤਰੀ ਮਨਸੁਖ ਮੰਡਾਵੀਆ ਨੇ ਕੀਤੀ।

ਈਪੀਐਫਓ ਨੇ ਸੇਵਾਮੁਕਤੀ ਤੋਂ ਬਾਅਦ ਕਿਸ਼ਤਾਂ ਵਿੱਚ ਪੀਐਫ ਫੰਡ ਕਢਵਾਉਣ ਦੀ ਸਹੂਲਤ ਭਾਵ ਐਸਡਬਲਯੂਪੀ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਤੋਂ ਪਹਿਲਾਂ, ਕਰਮਚਾਰੀ ਰਿਟਾਇਰਮੈਂਟ ਤੋਂ ਬਾਅਦ ਆਪਣੇ ਪੀਐਫ ਖਾਤੇ ਵਿੱਚ ਜਮ੍ਹਾਂ ਸਾਰੀ ਰਕਮ ਇੱਕੋ ਵਾਰ ਵਿੱਚ ਕਢਵਾ ਸਕਦੇ ਸਨ। ਹਾਲਾਂਕਿ, ਨਵੀਂ ਸਹੂਲਤ ਦੇ ਤਹਿਤ, ਉਹ ਹੁਣ ਆਪਣੀਆਂ ਜ਼ਰੂਰਤਾਂ ਦੇ ਅਧਾਰ ਤੇ ਮਹੀਨਾਵਾਰ, ਤਿਮਾਹੀ ਜਾਂ ਸਾਲ ਵਿਚ ਇਕ ਵਾਰ ਫੰਡ ਕਢਵਾ ਸਕਣਗੇ। ਇਸਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਪੀਐਫ ਖਾਤੇ ਵਿੱਚ ਬਾਕੀ ਬਚੇ ਬਕਾਏ 'ਤੇ ਵਿਆਜ ਮਿਲਦਾ ਰਹੇਗਾ। ਇਸਦਾ ਮਤਲਬ ਹੈ ਕਿ ਖਾਤਾ ਧਾਰਕ ਨੂੰ ਨਿਯਮਤ ਆਮਦਨ ਮਿਲਦੀ ਰਹੇਗੀ ਅਤੇ ਉਨ੍ਹਾਂ ਦਾ ਬਾਕੀ ਬਚਿਆ ਬਕਾਇਆ ਵਧਦਾ ਰਹੇਗਾ।

— Shamsher Singh

POLITICS

'ਮੈਂ 2027 ਦੀਆਂ ਚੋਣਾਂ ਨਹੀਂ ਲੜਣੀਆਂ ਚਾਹੁੰਦਾ'', ਰਾਜਾ ਵੜਿੰਗ ਨੇ ਦਿੱਤਾ ਵੱਡਾ ਬਿਆਨ



'ਮੈਂ 2027 ਦੀਆਂ ਚੋਣਾਂ ਨਹੀਂ ਲੜਣੀਆਂ ਚਾਹੁੰਦਾ", ਰਾਜਾ ਵੜਿੰਗ ਨੇ ਦਿੱਤਾ ਵੱਡਾ ਬਿਆਨ

Thursday, Nov 19, 2026 ।

ਲੁਧਿਆਣਾ (ਵੈੱਬ ਡੈਸਕ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਖ਼ਿਆ ਹੈ ਕਿ ਉਹ 2027 ਦੀਆਂ ਚੋਣਾਂ ਨਹੀਂ ਲੜਣੀਆਂ ਚਾਹੁੰਦੇ। ਉਨ੍ਹਾਂ ਆਖ਼ਿਆ ਹੈ ਕਿ ਉਹ ਇਸ ਵੇਲੇ ਸੰਸਦ ਮੈਂਬਰ ਹਨ ਤੇ ਸੰਸਦ ਮੈਂਬਰਾਂ ਨੂੰ ਵਿਧਾਨ ਸਭਾ ਚੋਣ ਲੜਾਉਣਾ ਜਾਂ ਨਾ ਲੜਵਾਉਣਾ ਹਾਈਕਮਾਂਡ ਦਾ ਫ਼ੈਸਲਾ ਹੈ, ਉਨ੍ਹਾਂ ਦੀ ਵਿਧਾਨ ਸਭਾ ਚੋਣ ਲੜਣ ਦੀ ਕੋਈ ਇੱਛਾ ਨਹੀਂ ਹੈ।

ਗਏ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ, ਵਿਰੋਧੀ ਧਿਰ ਦੇ ਨੇਤਾ, ਚਰਨਜੀਤ ਸਿੰਘ ਚੰਨੀ ਜਾਂ ਰਾਜਾ ਵੜਿੰਗ ਕਿਸੇ ਵੀ ਚੀਜ਼ 'ਤੇ ਆਪਣੇ ਸੁਝਾਅ ਹਾਈਕਮਾਂਡ ਨੂੰ ਭੇਜ ਸਕਦੇ ਹਨ ਜਾਂ ਸਿਰਫ਼ ਇੱਛਾ ਜ਼ਾਹਿਰ ਕਰ ਸਕਦੇ ਹਨ, ਇਸ ਬਾਰੇ ਕੋਈ ਵੀ ਫ਼ੈਸਲਾ ਹਾਈਕਮਾਂਡ ਨੇ ਹੀ ਲੈਣਾ ਹੁੰਦਾ ਹੈ। ਵਿਧਾਨ ਸਭਾ ਚੋਣਾਂ ਲੜਣ ਬਾਰੇ ਪੁੱਛੇ ਜਾਣ 'ਤੇ ਵੜਿੰਗ ਨੇ ਕਿਹਾ ਕਿ ਉਨ੍ਹਾਂ ਦੀ ਵਿਧਾਨ ਸਭਾ ਚੋਣ ਲੜਣ ਦੀ ਕੋਈ ਇੱਛਾ ਨਹੀਂ ਹੈ। ਉਨ੍ਹਾਂ ਕਿਹਾ ਕਿ ਉਹ ਇਸ ਵੇਲੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਹਨ ਤੇ ਇਸ ਤੋਂ ਵੱਡਾ ਕੁਝ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਵਿਚ ਸੰਸਦ ਮੈਂਬਰਾਂ ਨੂੰ ਲੜਾਉਣਾ ਜਾਂ ਨਾ ਲੜਾਉਣਾ ਹਾਈਕਮਾਂਡ ਦਾ ਫ਼ੈਸਲਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਫ਼ੈਸਲਾ ਰਾਹੁਲ ਗਾਂਧੀ, ਮੱਲਿਕਾਰਜੁਨ ਖੜਗੇ ਤੇ ਸਚਿਨ ਪਾਇਲਟ ਨੇ ਲੈਣਾ ਹੈ।

— Shamsher Singh

RELIGION

ਜਲੰਧਰ ਹਲਕੇ ਇੰਚਾਰਜ ਨਿਤਿਨ ਕੋਹਲੀ ਨੇ ਰਾਧਾ ਸਵਾਮੀ ਸਤਸੰਗ ਘਰ ਦੇ ਮੁਖੀ ਬਾਬਾ ਗੁਰਵਿੰਦਰ ਸਿੰਘ ਧਿੱਲੋਂ ਨਾਲ ਮਿਲਾਪ ਕੀਤਾ



ਜਲੰਧਰ ਦੇ ਜਨਰਲ ਸੈਕਟਰੀ ਅਤੇ ਹਲਕੇ ਇੰਚਾਰਜ ਨਿਤਿਨ ਕੋਹਲੀ ਜੀ ਨੇ ਆਪਣੀ ਪਤਨੀ ਦੇ ਨਾਲ ਰਾਧਾ ਸਵਾਮੀ ਸਤਸੰਗ ਘਰ ਦੇ ਮੁਖੀ ਬਾਬਾ ਗੁਰਵਿੰਦਰ ਸਿੰਘ ਧਿੱਲੋਂ ਨਾਲ ਮੁਲਾਕਾਤ ਕੀਤੀ।

ਇਸ ਮੁਲਾਕਾਤ ਦੌਰਾਨ, ਦੋਵੇਂ ਨੇ ਪਰਸਪਰ ਸਤਿਕਾਰ ਅਤੇ ਆਧਿਆਤਮਿਕ ਸੰਵਾਦ ਸਾਂਝਾ ਕੀਤਾ।

ਬਾਬਾ ਜੀ ਨੇ ਨਿਤਿਨ ਕੋਹਲੀ ਜੀ ਅਤੇ ਉਨ੍ਹਾਂ ਦੀ ਪਤਨੀ ਨੂੰ ਆਧਿਆਤਮਿਕ ਅਸ਼ੀਰਵਾਦ ਦਿੱਤਾ, ਜਿਸ ਨਾਲ ਉਨ੍ਹਾਂ ਦੀ ਆਤਮਿਕ ਯਾਤਰਾ ਨੂੰ ਹੋਰ ਮਜ਼ਬੂਤੀ ਮਿਲੀ।

ਇਸ ਮਿਲਾਪ ਨੇ ਜਲੰਧਰ ਦੀ ਧਾਰਮਿਕ ਸਮੁਦਾਇ ਵਿੱਚ ਏਕਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਉਭਾਰਿਆ।

— Sunny Kumar, Jalandhar

VIRAL & TRENDING

ਪੰਜਾਬ : ਇਕੱਠੀ ਚਮਕੀ 3 ਲੋਕਾਂ ਦੀ ਕਿਸਮਤ, ਅਚਾਨਕ ਬਣ ਗਏ ਲੱਖਪਤੀ, ਜਿੱਤੇ 5-5 ਲੱਖ ਦੇ ਇਨਾਮ



ਪੰਜਾਬ : ਇਕੱਠੀ ਚਮਕੀ 3 ਲੋਕਾਂ ਦੀ ਕਿਸਮਤ, ਅਚਾਨਕ ਬਣ ਗਏ ਲੱਖਪਤੀ, ਜਿੱਤੇ 5-5 ਲੱਖ ਦੇ ਇਨਾਮ

Thursday, Nov 19, 2026 ।

ਜਲਾਲਾਬਾਦ (ssm) : ਜਲਾਲਾਬਾਦ ਸ਼ਹਿਰ 'ਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਦੀ ਕਿਸਮਤ ਅਚਾਨਕ ਚਮਕ ਗਈ। ਤਿੰਨਾਂ ਨੇ ਲਾਟਰੀ 'ਚ 5-5 ਲੱਖ ਰੁਪਏ ਦਾ ਇਨਾਮ ਜਿੱਤਿਆ ਹੈ। ਇਨਾਮ ਜਿੱਤਣ ਦੀ ਜਾਣਕਾਰੀ ਮਿਲਦਿਆਂ ਹੀ ਜੇਤੂ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਲਾਟਰੀ ਵਿਕਰੇਤਾ ਦੀ ਦੁਕਾਨ 'ਤੇ ਪਹੁੰਚੇ। ਇੱਥੇ ਢੋਲ ਦੀ ਥਾਪ 'ਤੇ ਖੂਬ ਭੰਗੜਾ ਪਾਇਆ ਗਿਆ ਅਤੇ ਬਾਜ਼ਾਰ 'ਚ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਦੌਰਾਨ ਦੁਕਾਨ ਦੇ ਬਾਹਰ ਲੋਕਾਂ ਦੀ ਭਾਰੀ ਭੀੜ ਇਕੱਠੀ ਹੋ ਗਈ। ਪਿੰਡ ਸਿਮਰੇਵਾਲਾ ਦੀ ਰਹਿਣ ਵਾਲੀ ਪਰਵੀਨ ਰਾਣੀ ਨੇ ਦੱਸਿਆ ਕਿ ਉਸ ਦੇ ਪਿਤਾ ਪਹਿਲਾਂ ਕਈ ਵਾਰ ਲਾਟਰੀ ਦੀਆਂ ਟਿਕਟਾਂ ਖ਼ਰੀਦ ਚੁੱਕੇ ਸਨ ਪਰ ਕਦੇ ਕੋਈ ਇਨਾਮ ਨਹੀਂ ਨਿਕਲਿਆ।

ਲਾਟਰੀ ਏਜੰਸੀ ਦੇ ਸੰਚਾਲਕ ਨੇ ਦੱਸਿਆ ਕਿ ਜਸਵੀਰ ਕੌਰ ਦਾ ਦੀਵਾਲੀ ਬੰਪਰ 'ਤੇ ਸਿੱਧਾ ਪੰਜ ਲੱਖ ਰੁਪਏ ਦਾ ਇਨਾਮ ਨਿਕਲਿਆ ਹੈ। ਉੱਧਰ ਪਰਵੀਨ ਰਾਣੀ ਅਤੇ ਹਰੀਵੰਸ਼ ਨੇ ਨਾਗਾਲੈਂਡ ਸਟੇਟ ਲਾਟਰੀ ਦੀਆਂ 100 ਟਿਕਟਾਂ ਦੀ ਇਕ ਕਾਪੀ ਅੱਧੀ-ਅੱਧੀ (50-50 ਟਿਕਟਾਂ) ਖਰੀਦੀ ਸੀ। ਇਸ ਸੀਰੀਜ਼ 'ਤੇ 10-10 ਹਜ਼ਾਰ ਰੁਪਏ ਦੇ ਕੁੱਲ 100 ਇਨਾਮ ਨਿਕਲੇ, ਜਿਨ੍ਹਾਂ ਦੀ ਕੁੱਲ ਰਕਮ 10 ਲੱਖ ਰੁਪਏ ਬਣਦੀ ਹੈ। ਇਸ ਤਰ੍ਹਾਂ ਦੋਵਾਂ ਦੇ ਹਿੱਸੇ ਵਿਚ ਪੰਜ-ਪੰਜ ਲੱਖ ਰੁਪਏ ਆਏ।

— Shamsher Singh

ਜਲੰਧਰ ਦੇ ਮੇਅਰ ਵਿਨੀਤ ਧੀਰ ਨੇ ਬਾਬਾ ਗੁਰਵਿੰਦਰ ਸਿੰਘ ਧਿੱਲੋਂ ਤੋਂ ਅਸ਼ੀਰਵਾਦ ਲਿਆ



ਜਲੰਧਰ, ਪੰਜਾਬ – ਆਮ ਆਦਮੀ ਪਾਰਟੀ (AAP) ਉੱਤਰੀ ਮੇਅਰ ਵਿਨੀਤ ਧੀਰ ਜੀ ਨੇ ਆਪਣੀ ਪਤਨੀ ਰਾਧਾ ਨਾਲ ਮਿਲ ਕੇ ਸਤਸੰਗ ਘਰ ਦੇ ਮੁਖੀ ਬਾਬਾ ਗੁਰਵਿੰਦਰ ਸਿੰਘ ਧਿੱਲੋਂ ਨਾਲ ਮੁਲਾਕਾਤ ਕੀਤੀ।

ਇਸ ਮੁਲਾਕਾਤ ਦੌਰਾਨ ਦੋਵੇਂ ਨੇ ਆਪਸੀ ਸਹਿਯੋਗ ਅਤੇ ਸਮਾਜਿਕ ਭਲਾਈ ਲਈ ਅਸ਼ੀਰਵਾਦ ਲਏ। ਬਾਬਾ ਗੁਰਵਿੰਦਰ ਸਿੰਘ ਧਿੱਲੋਂ ਨੇ ਮੇਅਰ ਜੀ ਨੂੰ ਆਪਣੀ ਕਾਮਯਾਬੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਮੇਅਰ ਵਿਨੀਤ ਧੀਰ ਨੇ ਇਸ ਅਸ਼ੀਰਵਾਦ ਨੂੰ ਆਪਣੇ ਸ਼ਹਿਰ ਦੀ ਵਿਕਾਸ ਯੋਜਨਾਵਾਂ ਵਿੱਚ ਸ਼ਾਮਲ ਕਰਨ ਦੀ ਇੱਛਾ ਜ਼ਾਹਿਰ ਕੀਤੀ ਅਤੇ ਸਤਸੰਗ ਘਰ ਦੇ ਯੋਗਦਾਨ ਦੀ ਕਦਰ ਕੀਤੀ।

— Sunny Kumar, Jalandhar

HEALTH

ਪੰਜਾਬੀਓ Smog ਨੂੰ ਨਾ ਸਮਝੋ Fog, ਛੋਟੀ ਜਿਹੀ ਲਾਪਰਵਾਹੀ ਪੈ ਸਕਦੀ ਭਾਰੀ, ਮਾਹਿਰਾਂ ਨੇ ਦਿੱਤੀ ਸਲਾਹ



ਪੰਜਾਬੀਓ Smog ਨੂੰ ਨਾ ਸਮਝੋ Fog, ਛੋਟੀ ਜਿਹੀ ਲਾਪਰਵਾਹੀ ਪੈ ਸਕਦੀ ਭਾਰੀ, ਮਾਹਿਰਾਂ ਨੇ ਦਿੱਤੀ ਸਲਾਹ

Thursday, Nov 19, 2026।

ਤਰਨਤਾਰਨ (need 24)-ਸਰਦੀ ਦੇ ਮੌਸਮ ਦੀ ਸ਼ੁਰੂਆਤ ਹੋਣ ਦੇ ਨਾਲ ਹੀ ਤਾਪਮਾਨ 'ਚ ਆ ਰਹੀ ਗਿਰਾਵਟ ਅਤੇ ਅਸਮਾਨ 'ਚ ਫੈਲੀ ਸਮੌਗ ਲੋਕਾਂ ਦੀ ਸਿਹਤ ਲਈ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਹੈ। ਠੰਢੀਆਂ ਹਵਾਵਾਂ, ਧੂੜ-ਮਿੱਟੀ ਅਤੇ ਹਵਾ 'ਚ ਮੌਜੂਦ ਪ੍ਰਦੂਸ਼ਣ ਕਾਰਨ ਲੋਕਾਂ ਨੂੰ ਗਲੇ 'ਚ ਖਰਾਸ਼, ਸੁੱਕੀ ਖੰਘ, ਨੱਕ ਵਗਣ, ਛਿੱਕਾਂ ਆਉਣ, ਸਾਹ ਲੈਣ 'ਚ ਮੁਸ਼ਕਿਲ ਅਤੇ ਛਾਤੀ 'ਚ ਜਕੜਨ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੌਸਮ 'ਚ ਆ ਰਹੀ ਤਬਦੀਲੀ ਦੌਰਾਨ ਖ਼ਾਸ ਕਰਕੇ ਛੋਟੇ ਬੱਚਿਆਂ, ਬਜ਼ੁਰਗਾਂ ਅਤੇ ਪਹਿਲਾਂ ਤੋਂ ਦਮਾ, ਐਲਰਜੀ ਜਾਂ ਦਿਲ ਦੀਆਂ ਬੀਮਾਰੀਆਂ ਨਾਲ ਪੀੜਤ ਵਿਅਕਤੀਆਂ ਨੂੰ ਆਪਣੀ ਸਿਹਤ ਪ੍ਰਤੀ ਵਧੇਰੇ ਸੁਚੇਤ ਰਹਿਣ ਦੀ ਲੋੜ ਹੈ।

.ਐੱਨ.ਟੀ. ਮਾਹਿਰ ਡਾ. ਰਾਜਬਰਿੰਦਰ ਸਿੰਘ ਰੰਧਾਵਾ ਨੇ ਆਪਣੀ ਰੰਧਾਵਾ ਕਲੀਨਿ

Alia Bhatt ਨੇ ਰਚਿਆ ਇਤਿਹਾਸ , TIME100 Next India ਦੀ ਪਹਿਲੀ ਲਿਸਟ ਦੀ ਬਣੀ ਕਵਰ ਸਟਾਰ



Alia Bhatt ਨੇ ਰਚਿਆ ਇਤਿਹਾਸ , TIME100 Next India ਦੀ ਪਹਿਲੀ ਲਿਸਟ ਦੀ ਬਣੀ ਕਵਰ ਸਟਾਰ

Thursday, Nov 19, 2026 ।

ਮੁੰਬਈ : ਬਾਲੀਵੁੱਡ ਅਦਾਕਾਰਾ ਆਲੀਆ ਭੱਟ ਨੂੰ ਟਾਈਮ ਮੈਗਜ਼ੀਨ ਦੀ ਪਹਿਲੀ 'ਟਾਈਮ 100 ਨੈਕਸਟ ਇੰਡੀਆ' ਸੂਚੀ ਦੇ ਕਵਰ ਸਟਾਰ ਵਜੋਂ ਪ੍ਰਦਰਸ਼ਿਤ ਕੀਤਾ ਗਿਆ ਹੈ। ਮੈਗਜ਼ੀਨ ਨੇ ਫਿਲਮ ਇੰਡਸਟਰੀ ਵਿੱਚ ਉਸਦੀ ਯਾਤਰਾ, ਉਸਦੀਆਂ ਕਲਾਤਮਕ ਚੋਣਾਂ ਅਤੇ ਫਿਲਮ ਸੈੱਟਾਂ 'ਤੇ ਔਰਤਾਂ ਲਈ ਬਿਹਤਰ ਕੰਮ ਕਰਨ ਵਾਲੇ ਵਾਤਾਵਰਣ ਦੀ ਵਕਾਲਤ ਕਰਨ ਦੇ ਉਸਦੇ ਯਤਨਾਂ ਨੂੰ ਮਾਨਤਾ ਦਿੱਤੀ। ਪੇਸ਼ ਕਰਦੇ ਹੋਏ, ਟਾਈਮ ਨੇ ਉਸਨੂੰ ਇੱਕ ਬਾਲੀਵੁੱਡ ਆਈਕਨ ਵਜੋਂ ਦਰਸਾਇਆ। ਇਸ ਦੇ ਨਾਲ ਹੀ ਇੰਡਸਟਰੀ ਵਿਚ ਇੱਕ ਨਵੇਂ ਚਿਹਰੇ ਤੋਂ ਲੈ ਕੇ ਚੁਣੌਤੀਪੂਰਨ ਅਤੇ ਵਿਭਿੰਨ ਭੂਮਿਕਾਵਾਂ ਨਿਭਾਉਣ ਵਾਲੀ ਅਭਿਨੇਤਰੀ ਤੱਕ ਦੇ ਉਸਦੇ ਸਫ਼ਰ ਨੂੰ ਉਜਾਗਰ ਕੀਤਾ ਹੈ।

ਮੈਗਜ਼ੀਨ ਨੇ ਆਪਣੇ ਇੰਸਟਾਗ੍ਰਾਮ ਕੈਪਸ਼ਨ ਵਿੱਚ ਲਿਖਿਆ, "ਸਾਡੀ ਪਹਿਲੀ 'ਟਾਈਮ 100 ਨੈਕਸਟ ਇੰਡੀਆ' ਸੂਚੀ ਦੇ ਕਵਰ ਸਟਾਰ ਨੂੰ ਮਿਲੋ: ਬਾਲੀਵੁੱਡ ਆਈਕਨ ਆਲੀਆ ਭੱਟ।"

— Shamsher Singh

ਅੰਮ੍ਰਿਤਸਰ ਵਿੱਚ ਨਿੱਜੀ ਵਾਹਨਾਂ 'ਤੇ ਫਲੈਸ਼ ਲਾਈਟ, ਹੌਰਨ, ਸਾਇਰਨ 'ਤੇ ਕੜੀ ਪਾਬੰਦੀ



ਅੰਮ੍ਰਿਤਸਰ ਵਿੱਚ ਡਿਪਟੀ ਕਮਿਸ਼ਨਰ ਆਫ਼ ਪੁਲਿਸ (ਡੀ.ਸੀ.ਪੀ.) ਸੰਧੂ ਨੇ ਨਿੱਜੀ ਵਾਹਨਾਂ 'ਤੇ ਫਲੈਸ਼ ਲਾਈਟ, ਹੌਰਨ ਅਤੇ ਸਾਇਰਨ ਦੀ ਵਰਤੋਂ 'ਤੇ ਕੜੀ ਪਾਬੰਦੀ ਲਗਾਈ ਹੈ।

ਇਸ ਹੁਕਮ ਦੇ ਅਨੁਸਾਰ ਕਿਸੇ ਵੀ ਨਿੱਜੀ ਗੱਡੀ 'ਤੇ ਇਨ੍ਹਾਂ ਉਪਕਰਣਾਂ ਦੀ ਵਰਤੋਂ ਕਰਨਾ ਗੈਰਕਾਨੂੰਨੀ ਮੰਨਿਆ ਜਾਵੇਗਾ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

ਪੁਲਿਸ ਨੇ ਕਿਹਾ ਕਿ ਇਹ ਕਦਮ ਸ਼ਹਿਰ ਵਿੱਚ ਟਰੈਫਿਕ ਦੀ ਸੁਰੱਖਿਆ ਵਧਾਉਣ, ਸ਼ੋਰ ਘਟਾਉਣ ਅਤੇ ਗਲਤਫ਼ਹਿਮੀਆਂ ਨੂੰ ਦੂਰ ਕਰਨ ਲਈ ਲਿਆ ਗਿਆ ਹੈ।

ਟ੍ਰੈਫਿਕ ਪੁਲਿਸ ਦੀ ਟੀਮਾਂ ਇਸ ਹੁਕਮ ਦੀ ਕੜੀ ਨਿਗਰਾਨੀ ਕਰੇਗੀ ਅਤੇ ਉਲੰਘਣਾ ਪਾਈ ਜਾਣ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ।

— Sunny Kumar, Amritsar

ਐਨ.ਐਮ.ਐਮ.ਐਸ ਅੱਠਵੀਂ ਅਤੇ ਪੀ.ਐਸ.ਟੀ.ਐਸ.ਈ ਦਸਵੀਂ ਦੀ ਪ੍ਰੀਖਿਆ ਲਈ ਸਾਰੇ ਪ੍ਰਬੰਧ ਮੁਕੰਮਲ -ਜ਼ਿਲ੍ਹੇ ਭਰ ਵਿੱਚ10 ਪ੍ਰੀਖਿਆ ਕੇਂਦਰ ਸਥਾਪਿਤ



ਤਰਨ ਤਾਰਨ, 19 ਨਵੰਬਰ (ਪ੍ਰਕਾਸ਼ ਸਿੰਘ) -

ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਰਾਜੇਸ਼ ਸ਼ਰਮਾ ਸਟੇਟ ਐਵਾਰਡੀ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਐਨ.ਐਮ.ਐਮ.ਐਸ ਅੱਠਵੀਂ ਅਤੇ ਪੀ.ਐਸ.ਟੀ.ਐਸ.ਈ ਦਸਵੀਂ ਪ੍ਰੀਖਿਆ 2026 ਦੀਆਂ ਤਿਆਰੀਆਂ ਹਰੇਕ ਪੱਖ ਤੋਂ ਮੁਕੰਮਲ ਕਰ ਲਈਆਂ ਗਈਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੰਗਤ ਸਿੰਘ ਨੇ ਦੱਸਿਆ ਕਿ ਇਹ ਪ੍ਰੀਖਿਆ 22 ਨਵੰਬਰ ਨੂੰ ਹੋਵੇਗੀ। ਇਸ ਪ੍ਰੀਖਿਆ ਵਿੱਚ ਅੱਠਵੀਂ ਜਮਾਤ ਦੇ 1489 ਅਤੇ ਦਸਵੀਂ ਜਮਾਤ ਦੇ 1208, ਕੁੱਲ 2697 ਵਿਦਿਆਰਥੀ ਸ਼ਾਮਿਲ ਹੋ ਰਹੇ ਹਨ। ਇਨ੍ਹਾਂ ਵਿਦਿਆਰਥੀਆਂ ਲਈ ਜ਼ਿਲ੍ਹੇ ਭਰ ਵਿੱਚ ਕੁੱਲ 10 ਪ੍ਰੀਖਿਆ ਕੇਂਦਰ ਸਥਾਪਿਤ ਕੀਤੇ ਗਏ ਹਨ। ਫੰਗ ਨਾਲ ਨੇਪਰੇ ਚਾੜ੍ਹਨ ਲਈ 10 ਸੁਪਰਡੈਂਟ ਅਤੇ 10 ਡਿਪਟੀ ਸੁਪਰਡੈਂਟ ਤੋਂ ਇਲਾਵਾ 75 ਨਿਗਰਾਨ ਅਮਲੇ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਸਾਰੇ ਪ੍ਰੀਖਿਆ ਕੇਂਦਰਾਂ ਤੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਵਿਦਿਆਰਥੀਆਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਪ੍ਰੀਖਿਆ ਕੇਂਦਰਾਂ 'ਤੇ ਪਹੁੰਚਣ ਅਤੇ ਆਪਣਾ ਰੋਲ ਨੰਬਰ ਸਲਿੱਪ ਅਤੇ ਪਛਾਣ ਪੱਤਰ ਨਾਲ ਲੈ ਕੇ ਆਉਣ। ਉਨ੍ਹਾਂ ਨੇ ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਪ੍ਰੀਖਿਆ ਲਈ ਪੂਰਾ ਸਹਿਯੋਗ ਦੇਣ।

ਇਸ ਮੌਕੇ ਡੀਲਿੰਗ ਸਹਾਇਕ ਇਕਬਾਲ ਸਿੰਘ, ਤਰਸੇਮ ਸਿੰਘ, ਆਦੇਸ਼ ਸਿੰਘ, ਵਰੁਣ ਰੰਧਾਵਾ, ਸਰਬਜੀਤ ਸਿੰਘ ਇੰਚਾਰਜ ਸੁਪਰਡੈਂਟ ਅਤੇ ਹਰਮੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਫੋਟੋ ਕੈਪਸ਼ਨ :

-ਪ੍ਰੀਖਿਆ ਦੇ ਪ੍ਰਬੰਧਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੰਗਤ ਸਿੰਘ

— Parkash singh